## ਅੱਖੀਂ ਡਿੱਠਾ ਮੇਲਾ (ਜਮਾਤ-ਛੇਵੀਂ)



ਪੰਜਾਬ ਵਿੱਚ ਵੱਖ-ਵੱਖ ਰੁੱਤਾਂ, ਤਿਉਹਾਰਾਂ ਨਾਲ਼ ਸੰਬੰਧਿਤ ਬਹੁਤ ਸਾਰੇ ਮੇਲੇ ਲੱਗਦੇ ਹਨ।ਵਿਸਾਖੀ ਦਾ ਮੇਲਾ ਹਰ ਸਾਲ 13 ਅਪ੍ਰੈਲ ਨੂੰ ਭਾਰਤ ਵਿੱਚ ਥਾਂ-ਥਾਂ 'ਤੇ ਲੱਗਦਾ ਹੈ। ਇਹ ਤਿਉਹਾਰ ਹਾੜੀ ਦੀ ਫ਼ਸਲ ਪੱਕਣ ਦੀ ਖ਼ੁਸ਼ੀ ਵਿੱਚ ਮਨਾਇਆ ਜਾਂਦਾ ਹੈ। ਐਤਕੀਂ ਮੈਂ ਆਪਣੇ ਪਿਤਾ ਜੀ ਨਾਲ਼ ਮੇਲਾ ਵੇਖਣ ਲਈ ਗਿਆ। ਰਸਤੇ ਵਿੱਚ ਮੈਂ ਵੇਖਿਆ ਕਿ ਬਹੁਤ ਸਾਰੇ ਬੱਚੇ, ਬੁੱਢੇ ਤੇ ਨੌਜਵਾਨ ਮੇਲਾ ਵੇਖਣ ਲਈ ਜਾ ਰਹੇ ਸਨ। ਸਾਰਿਆਂ ਨੇ ਨਵੇਂ ਕੱਪੜੇ ਪਾਏ ਹੋਏ ਹੋਏ ਸਨ। ਰਸਤੇ ਵਿੱਚ ਅਸੀਂ ਕੁੱਝ ਕਿਸਾਨਾਂ ਨੂੰ ਕਣਕ ਦੀ ਵਾਢੀ ਦਾ ਸ਼ਗਨ ਕਰਦਿਆਂ ਵੀ ਵੇਖਿਆ।

ਮੇਰੇ ਪਿਤਾ ਜੀ ਨੇ ਮੈਨੂੰ ਦੱਸਿਆ ਕਿ ਵਿਸਾਖੀ ਨੂੰ ਹਾੜ੍ਹੀ ਦੀ ਫ਼ਸਲ ਦੇ ਪੱਕਣ ਦੀ ਖ਼ੁਸ਼ੀ ਵਿੱਚ ਮਨਾਇਆ ਜਾਂਦਾ ਹੈ। ਇਸ ਮਹਾਨ ਦਿਨ 'ਤੇ ਗੁਰੂ ਗੋਬਿੰਦ ਸਿੰਘ ਜੀ ਨੇ ਆਨੰਦਪੁਰ ਸਾਹਿਬ ਵਿੱਚ ਖ਼ਾਲਸਾ ਪੰਥ ਦੀ ਸਾਜਨਾ ਕੀਤੀ ਸੀ। ਇਸੇ ਦਿਨ ਹੀ ਜ਼ਾਲਮ ਅੰਗਰੇਜ਼ ਜਨਰਲ ਡਾਇਰ ਨੇ ਜ਼ਲ੍ਹਿਆਂਵਾਲ਼ਾ ਬਾਗ਼ ਅੰਮ੍ਰਿਤਸਰ ਵਿੱਚ ਨਿਹੱਥੇ ਲੋਕਾਂ ਉੱਪਰ ਗੋਲੀ ਚਲਾਈ ਸੀ।

ਇਹ ਗੱਲਾਂ ਕਰਦਿਆਂ ਹੀ ਅਸੀਂ ਮੇਲੇ ਵਿੱਚ ਪਹੁੰਚ ਗਏ। ਮੇਲੇ ਵਿੱਚ ਵਾਜੇ ਵੱਜਣ, ਢੋਲ ਖੜਕਣ ਦੀ ਅਵਾਜ਼ ਸੁਣਾਈ ਦੇ ਰਹੀ ਸੀ। ਮੇਲੇ ਵਿੱਚ ਕਾਫ਼ੀ ਭੀੜ-ਭੜੱਕਾ ਅਤੇ ਰੌਲ਼ਾ-ਰੱਪਾ ਸੀ। ਆਲ਼ੇ-ਦੁਆਲ਼ੇ ਮਠਿਆਈਆਂ, ਖਿਡੌਣਿਆਂ ਦੀਆਂ ਦੁਕਾਨਾਂ ਸਜੀਆਂ ਹੋਈਆਂ ਸਨ। ਅਸੀਂ ਮਠਿਆਈ ਦੀ ਇੱਕ ਦੁਕਾਨ ਉੱਤੇ ਬੈਠ ਕੇ ਤੱਤੀਆਂ-ਤੱਤੀਆਂ ਜਲੇਬੀਆਂ ਖਾਧੀਆਂ। ਸਾਡੇ ਨੇੜੇ ਹੀ ਕੁੱਝ ਜੱਟ ਜਲੇਬੀਆਂ ਤੇ ਪਕੌੜੇ ਖਾ ਰਹੇ ਸਨ ਤੇ ਨਾਲ਼ ਹੀ ਉਹ ਸ਼ਰਾਬ ਪੀ ਕੇ ਬੜ੍ਹਕਾਂ ਮਾਰ ਰਹੇ ਸਨ। ਮੇਲੇ ਵਿੱਚ ਬੱਚੇ ਤੇ ਕੁੜੀਆਂ ਪੰਘੂੜੇ ਝੂਟ ਰਹੇ ਸਨ। ਮੈਂ ਵੀ ਪੰਘੂੜੇ ਵਿੱਚ ਝੂਟੇ ਲਏ ਤੇ ਫਿਰ ਜਾਦੂਗਰ ਦੇ ਤਮਾਸ਼ੇ ਦੇਖੇ। ਫਿਰ ਨੇੜੇ ਦੀ ਦੁਕਾਨ ਤੋਂ ਅਸੀਂ ਮਠਿਆਈ ਖ਼ਰੀਦੀ ਅਤੇ ਪਿੰਡ ਦਾ ਰਸਤਾ ਫੜ ਲਿਆ। ਕਾਫ਼ੀ ਹਨੇਰੇ ਹੋਏ ਅਸੀਂ ਘਰ ਪਹੁੰਚੇ ।